**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ : 02-10-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਚੇਤਾਵਨੀ ਦਿੱਤੀ ਏ ਕਿ ਸਰ ਕਰੀਕ ਖੇਤਰ ਵਿੱਚ ਪਾਕਿਸਤਾਨ ਵੱਲੋਂ ਕੀਤੀ ਗਈ ਕਿਸੇ ਵੀ ਗਲਤੀ ਦਾ ਇੱਕ ਅਜਿਹਾ ਫੈਸਲਾਕੁੰਨ ਜਵਾਬ ਦਿੱਤਾ ਜਾਵੇਗਾ, ਜਿਸ ਨਾਲ ਇਤਿਹਾਸ ਅਤੇ ਭੂਗੋਲ ਦੋਵੇਂ ਬਦਲ ਜਾਣਗੇ I
- ਦੇਸ਼ ਅੱਜ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਅਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਨੂੰ ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ -ਕੇਂਦਰ ਸਰਕਾਰ ਵੱਲੋਂ ਸਿੱਖ ਜਥੇ ਨੂੰ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਦੀ ਮਨਜ਼ੂਰੀ ਸ਼ਲਾਘਾਯੋਗ ਏ I
- ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਤਿਓਹਾਰ, ਅੱਜ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵਲੋਂ ਸਰਹੱਦ ਪਾਰੋਂ ਹਥਿਆਰ ਅਤੇ ਨਸ਼ਾ ਤਸਕਰੀ ਵਿੱਚ ਸ਼ਾਮਲ ਇੱਕ ਨਾਬਾਲਗ ਸਮੇਤ ਪੰਜ ਵਿਅਕਤੀ, 12 ਪਿਸਤੌਲਾਂ ਤੇ ਡੇਢ ਕਿਲੋ ਹੈਰੋਇਨ ਸਮੇਤ ਗ੍ਰਿਫਤਾਰ I

------------------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਚੇਤਾਵਨੀ ਦਿੱਤੀ ਏ ਕਿ ਸਰ ਕਰੀਕ ਖੇਤਰ ਵਿੱਚ ਪਾਕਿਸਤਾਨ ਵੱਲੋਂ ਕੀਤੀ ਗਈ ਕਿਸੇ ਵੀ ਗਲਤੀ ਦਾ ਇੱਕ ਅਜਿਹਾ ਫੈਸਲਾਕੁੰਨ ਜਵਾਬ ਦਿੱਤਾ ਜਾਵੇਗਾ, ਜਿਸ ਨਾਲ ਇਤਿਹਾਸ ਅਤੇ ਭੂਗੋਲ ਦੋਵੇਂ ਬਦਲ ਜਾਣਗੇ-
ਸ਼੍ਰੀ ਸਿੰਘ ਨੇ ਭੁਜ ਵਿਚ ਵਿਜੈ ਦਸ਼ਮੀ ਮੌਕੇ ਕਰਾਏ ਗਏ ਫੌਜਾਂ ਦੇ ਸਮਰਥਾ ਅਭਿਆਸ 'ਚ ਹਿੱਸਾ ਲਿਆ. ਰਖਿਆ ਮੰਤਰੀ ਨੇ ਸ਼ਸਤਰ ਪੂਜਾ ਸਮਾਰੋਹ 'ਚ ਵੀ ਹਿੱਸਾ ਲਿਆ. ਓਹਨਾਂ ਕਿਹਾ ਕਿ ਧਰਮ ਦੀ ਰਖਿਆ ਲਈ ਸਿਰਫ ਅਹਿਦ ਹੀ ਕਾਫੀ ਨਹੀਂ ਏ –BYTE
ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਦੌਰਾਨ, ਪਾਕਿਸਤਾਨ ਲੇਹ ਤੋਂ ਸਰ ਕਰੀਕ ਤੱਕ ਭਾਰਤ ਦੀ ਰੱਖਿਆ ਪ੍ਰਣਾਲੀ ਵਿੱਚ ਘੁਸਪੈਠ ਕਰਨ ਵਿੱਚ ਅਸਫਲ ਰਿਹਾ। ਜਵਾਬ ਵਿੱਚ, ਭਾਰਤੀ ਫੌਜ ਨੇ ਪਾਕਿਸਤਾਨੀ ਹਵਾਈ ਰੱਖਿਆ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਬੇਨਕਾਬ ਕਰ ਦਿੱਤਾ ਅਤੇ ਦੁਨੀਆ ਨੂੰ

ਇੱਕ ਸਖ਼ਤ ਸੰਦੇਸ਼ ਦਿੱਤਾ ਕਿ ਉਹ ਜਦੋਂ ਵੀ ਅਤੇ ਜਿੱਥੇ ਚਾਹੇ ਪਾਕਿਸਤਾਨ ਨੂੰ ਭਾਰੀ ਨੁਕਸਾਨ ਪਹੁੰਚਾ ਸਕਦੀ ਏ - ਇਸ ਤੋਂ ਪਹਿਲਾਂ ਕੱਲ੍ਹ, ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਭੁਜ ਦੇ ਫੌਜੀ ਸਟੇਸ਼ਨ 'ਤੇ ਰਾਵਣ ਦਹਿਨ ਕੀਤਾ ਅਤੇ ਫੌਜੀਆਂ ਨਾਲ ਦੁਪਹਿਰ ਦਾ ਖਾਣਾ ਖਾਧਾ। ਉਨ੍ਹਾਂ ਨੇ ਆਪ੍ਰੇਸ਼ਨ ਸਿੰਦੂਰ ਵਿੱਚ ਭੂਮਿਕਾ ਨਿਭਾਉਣ ਵਾਲੇ ਜਵਾਨਾਂ ਨੂੰ ਵੀ ਸਨਮਾਨਿਤ ਕੀਤਾ।

-----------------------------------------------------------------------

ਦੇਸ਼ ਅੱਜ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 156ਵੀਂ ਜਨਮ ਵਰੇਗੰਢ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ । ਇਸ ਮੌਕੇ ਦੇਸ਼ ਭਰ ਵਿੱਚ ਅਤੇ ਵਿਦੇਸ਼ਾਂ ਵਿੱਚ ਕਈ ਸਮਾਗਮ ਕੀਤੇ ਜਾ ਰਹੇ ਨੇ। ਰਾਜਧਾਨੀ ਦਿੱਲੀ ਦੇ ਰਾਜਘਾਟ ਵਿਖੇ, ਬਾਪੂ ਦੀ ਸਮਾਧੀ 'ਤੇ ਇੱਕ ਸਰਵ-ਧਰਮ ਪ੍ਰਾਰਥਨਾ ਸਭਾ ਕਰਾਈ ਗਈ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਲੋਕ ਸਭਾ ਸਪੀਕਰ ਓਮ ਬਿਰਲਾ ਅਤੇ ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਬਾਰੇ ਮੰਤਰੀ ਮਨੋਹਰ ਲਾਲ ਮੰਤਰੀ ਮਨੋਹਰ ਲਾਲ ਨੇ ਅੱਜ ਸਵੇਰੇ ਰਾਜਘਾਟ ਵਿਖੇ ਮਹਾਤਮਾ ਗਾਂਧੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾਂ ਕਿਹਾ ਕਿ ਇਹ ਦਿਨ ਮਹਾਤਮਾ ਗਾਂਧੀ ਦੇ ਆਦਰਸ਼ਾਂ ਅਤੇ ਕਦਰਾਂ-

ਕੀਮਤਾਂ ਪ੍ਰਤੀ ਸਮਰਪਣ ਦਾ ਮੌਕਾ ਏ।ਉਨ੍ਹਾਂ ਕਿਹਾ ਗਾਂਧੀ ਜਯੰਤੀ ਪਿਆਰੇ ਬਾਪੂ ਦੇ ਅਸਾਧਾਰਨ ਜੀਵਨ ਲਈ ਸ਼ੁਕਰਗੁਜ਼ਾਰ ਹੋਣ ਦਾ ਦਿਨ ਏ, ਜਿਨ੍ਹਾਂ ਦੇ ਆਦਰਸ਼ਾਂ ਨੇ ਮਨੁੱਖੀ ਇਤਿਹਾਸ ਦਾ ਰਾਹ ਬਦਲ ਦਿੱਤਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ ਜਨਮ ਵਰੇਗੰਢ 'ਤੇ ਨਮਨ ਕੀਤਾ ਏ।

--------------------------------------------------------------------------------

ਓਧਰ ਭਾਰਤੀ ਜਨਤਾ ਪਾਰਟੀ ਦੀ ਅੰਮ੍ਰਿਤਸਰ ਜ਼ਿਲ੍ਹਾ ਲੀਡਰਸ਼ਿਪ ਇਕਾਈ ਨੇ ਕੰਪਨੀ ਬਾਗ ਵਿੱਚ ਖ਼ਾਸ ਪ੍ਰੋਗਰਾਮ ਕਰਕੇ ਗਾਂਧੀ ਜੈਅੰਤੀ ਅਤੇ ਰਾਸ਼ਟਰੀ ਸਵੈਸੇਵਕ ਸੰਘ ਦੀ ਸਥਾਪਨਾ ਦੇ 100 ਸਾਲ ਪੂਰੇ ਹੋਣ ਦਾ ਜਸ਼ਨ ਮਨਾਇਆ। BJP ਨੇਤਾਵਾਂ ਅਤੇ ਕਾਰਕੁਨਾਂ ਨੇ ਮਹਾਤਮਾ ਗਾਂਧੀ ਨੂੰ ਨਮਨ ਕੀਤਾ । ਪਠਾਨਕੋਟ ਵਿਚ ਵੀ RSS ਵਲੋਂ ਵਿਜੇਦਸ਼ਮੀ ਮਨਾਈ ਗਈ । ਭਾਰਤੀ ਤੱਟ ਰੱਖਿਅਕ ਦੇ ਸੇਵਾਮੁਕਤ ਡਾਇਰੈਕਟਰ ਜਨਰਲ ਵੀਰੇਂਦਰ ਸਿੰਘ ਪਠਾਨੀਆ ਨੇ ਇਸ ਸਮਾਗਮ ਦੀ ਪ੍ਰਧਾਨਗੀ ਕੀਤੀ। ਇਸ ਦੌਰਾਨ ਹਥਿਆਰਾਂ ਦੀ ਪੂਜਾ ਕੀਤੀ ਗਈ ਅਤੇ RSS ਦੇ ਇਤਿਹਾਸ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਗਈ।

--------------------------------------------------------------------------------

ਰਾਸ਼ਟਰ ਅੱਜ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਨੂੰ ਵੀ

ਉਨ੍ਹਾਂ ਦੀ ਜਨਮ ਵਰੇਗੰਢ 'ਤੇ ਯਾਦ ਕਰ ਰਿਹਾ ਏ। ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਨੂੰ ਉਨ੍ਹਾਂ ਦੀ ਜਨਮ ਵਰੇਗੰਢ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਉਨ੍ਹਾਂ ਨੇ ਕਿਹਾ ਕਿ ਸ਼ਾਸਤਰੀ ਜੀ ਦੇ ਜੀਵਨ ਅਤੇ ਅਗਵਾਈ ਨੇ ਸਾਦਗੀ, ਇਮਾਨਦਾਰੀ ਅਤੇ ਨੈਤਿਕ ਹਿੰਮਤ ਦੀ ਉਦਾਹਰਣ ਦਿੱਤੀ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਉਨ੍ਹਾਂ ਦੀ ਜਨਮ ਵਰੇਗੰਢ 'ਤੇ ਸ਼ਰਧਾਂਜਲੀ ਭੇਟ ਕੀਤੀ ਏ।

---------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੇਂਦਰ ਸਰਕਾਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਪਾਕਿਸਤਾਨ ਸਥਿਤ ਸ੍ਰੀ ਨਨਕਾਣਾ ਸਾਹਿਬ ਤੇ ਹੋਰ ਗੁਰਧਾਮਾਂ ਦੇ ਦਰਸ਼ਨਾਂ ਲਈ ਸਿੱਖ ਸ਼ਰਧਾਲੂਆਂ ਦੇ ਜਥੇ ਨੂੰ ਮਨਜ਼ੂਰੀ ਦੇਣ ਦਾ ਸਵਾਗਤ ਕੀਤਾ ਏ । ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਫ਼ੈਸਲਾ, ਮੀਡੀਆ ਰੀਪੋਰਟਾਂ ਰਾਹੀਂ ਸਾਹਮਣੇ ਆਇਆ ਏ ਜਿਸ ਦੀ ਸ਼੍ਰੋਮਣੀ ਕਮੇਟੀ ਸ਼ਲਾਘਾ ਕਰਦੀ ਏ । ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਸਾਹਿਬ ਦਾ ਪ੍ਰਕਾਸ਼ ਪੁਰਬ ਸਿੱਖ ਜਗਤ ਹੀ ਨਹੀਂ ਸਗੋਂ ਪੂਰੀ ਮਨੁੱਖਤਾ ਲਈ ਵੱਡੀ ਮਹੱਤਤਾ ਰੱਖਦਾ ਏ । ਇਸ ਮੌਕੇ ਸਿੱਖ

ਸੰਗਤਾਂ ਵੱਲੋਂ ਗੁਰੂ ਸਾਹਿਬ ਦੇ ਪ੍ਰਕਾਸ਼ ਅਸਥਾਨ ਸਥਾਨ ਸ੍ਰੀ ਨਨਕਾਣਾ ਸਾਹਿਬ ਵਿਖੇ ਦਰਸ਼ਨ ਕਰਨ ਅਤੇ ਸ਼ਰਧਾ ਪ੍ਰਗਟਾਉਣ ਦੀ ਤਾਂਘ ਭਾਵਨਾਤਮਕ ਏ । ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਸਿੱਖ ਜਥੇ ਉਤੇ ਰੋਕ ਦੇ ਫੈਸਲੇ ਨੇ, ਸੰਗਤਾਂ  ਨੂੰ ਨਿਰਾਸ਼ ਕਰ ਦਿੱਤਾ ਸੀ, ਜਿਸ ਦੇ ਚੱਲਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਸਰਕਾਰ ਨੂੰ ਆਪਣੇ ਫੈਸਲੇ ਤੇ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ ਗਈ ਸੀ। ਇਸ ਸਬੰਧ ਵਿਚ ਬੀਤੀ 29 ਸਤੰਬਰ ਨੂੰ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖਿਆ ਗਿਆ ਸੀ । ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਲਿਆ ਗਿਆ ਫ਼ੈਸਲਾ, ਸਿੱਖ ਸੰਗਤਾਂ ਦੀਆਂ ਭਾਵਨਾਵਾਂ ਦਾ ਆਦਰ ਕਰਦਾ ਏ, ਜਿਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਦਾ ਧੰਨਵਾਦ ਕਰਦੇ ਨੇ ।

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ GST ਬਚਤ ਉਤਸਵ, ਜੋ ਇਸ ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਹੋਇਆ ਸੀ, ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾ ਰਿਹਾ ਏ। ਅਗਲੀ ਪੀੜ੍ਹੀ ਦੇ GST ਸੁਧਾਰ ਭਾਰਤ ਦੀ ਅਸਿੱਧੀ ਟੈਕਸ ਪ੍ਰਣਾਲੀ ਨੂੰ ਸਰਲ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਨੇ। ਇਹ ਸੁਧਾਰ ਵੱਖ-ਵੱਖ ਵਸਤਾਂ ਅਤੇ

ਸੇਵਾਵਾਂ 'ਤੇ ਟੈਕਸ ਦਰਾਂ ਘਟਾ ਕੇ,ਨਾਗਰਿਕਾਂ ਨੂੰ ਕਾਫ਼ੀ ਰਾਹਤ ਦੇ ਰਹੇ ਨੇ। ਅੱਜ ਅਸੀਂ ਖੇਤੀਬਾੜੀ ਮਸ਼ੀਨਰੀ ਅਤੇ ਖਾਦਾਂ ਬਾਰੇ ਇੱਕ ਰਿਪੋਰਟ ਪੇਸ਼ ਕਰ ਰਹੇ ਹਾਂ।

V/C

ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਤਹਿਤ, ਸਰਕਾਰ ਨੇ ਕਿਸਾਨਾਂ 'ਤੇ ਮਾਲੀ ਬੋਝ ਘਟਾਉਣ, ਦਿਹਾਤੀ ਵਿਕਾਸ ਨੂੰ ਉਤਸ਼ਾਹਿਤ ਕਰਨ ਅਤੇ ਜ਼ਰੂਰੀ ਖੇਤੀਬਾੜੀ ਉਪਕਰਣਾਂ ਨੂੰ ਹੋਰ ਕਿਫਾਇਤੀ ਬਣਾਉਣ ਲਈ ਜੀਐਸਟੀ 'ਚ ਵੱਡੀਆਂ ਕਟੌਤੀਆਂ ਕੀਤੀਆਂ ਨੇ। ਸਪ੍ਰਿੰਕਲਰ, ਤੁਪਕਾ ਸਿੰਜਾਈ ਪ੍ਰਣਾਲੀਆਂ, ਵਾਢੀ ਮਸ਼ੀਨਰੀ ਅਤੇ ਛੋਟੇ ਡੀਜ਼ਲ ਇੰਜਣਾਂ ਵਰਗੇ ਖੇਤੀਬਾੜੀ ਉਪਕਰਣਾਂ 'ਤੇ ਜੀਐਸਟੀ ਨੂੰ 12 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰ ਦਿੱਤਾ ਗਿਆ ਏ। ਇਹ ਪਾਣੀ ਬਚਾਉਣ ਵਾਲੀ ਸਿੰਜਾਈ ਨੂੰ ਉਤਸ਼ਾਹਿਤ ਕਰੇਗਾ, ਉਤਪਾਦਕਤਾ ਨੂੰ ਵਧਾਏਗਾ ਅਤੇ ਨਿਰੰਤਰ ਰਹਿਣ ਯੋਗ ਖੇਤੀਬਾੜੀ ਨੂੰ ਹੁਲਾਰਾ ਦੇਵੇਗਾ। ਇਸੇ ਤਰ੍ਹਾਂ ਜੈਵਿਕ-ਕੀਟਨਾਸ਼ਕਾਂ ਅਤੇ ਕਈ ਸੂਖਮ ਪੌਸ਼ਟਿਕ ਤੱਤਾਂ 'ਤੇ ਟੈਕਸ ਵੀ ਘਟਾ ਕੇ 5 ਫੀਸਦੀ ਕਰ ਦਿੱਤਾ ਗਿਆ ਏ। ਇਸ ਦੌਰਾਨ, ਅਮੋਨੀਆ, ਸਲਫਿਊਰਿਕ ਐਸਿਡ ਅਤੇ ਨਾਈਟ੍ਰਿਕ ਐਸਿਡ ਵਰਗੀਆਂ ਖਾਦਾਂ 'ਤੇ ਜੀਐਸਟੀ ਨੂੰ ਵੀ 18 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰ ਦਿੱਤਾ ਗਿਆ ਏ। ਇਸ ਨਾਲ ਖਾਦਾਂ ਕਿਫਾਇਤੀ ਹੋ ਜਾਣਗੀਆਂ ਜੋ ਕਿਸਾਨਾਂ ਨੂੰ ਜੈਵਿਕ-ਕੀਟਨਾਸ਼ਕਾਂ ਦੀ

ਵਰਤੋਂ ਕਰਨ ਲਈ ਉਤਸ਼ਾਹਿਤ ਕਰਨਗੀਆਂ,ਤੇ ਮਿੱਟੀ ਦੀ ਸਿਹਤ ਅਤੇ ਫਸਲ ਦੀ ਗੁਣਵੱਤਾ ਵਿੱਚ ਸੁਧਾਰ ਹੋਵੇਗਾ। ਟੈਕਸ ਕਟੌਤੀ ਕਿਸਾਨਾਂ ਲਈ ਲਾਗਤ ਘਟਾਏਗੀ ਅਤੇ ਚੁਗਿਰਦੇ ਲਈ ਸੁਖਾਵੀਂ ਖੇਤੀ ਨੂੰ ਉਤਸ਼ਾਹਿਤ ਕਰੇਗੀ। ਸਸਤੀਆਂ ਖਾਦਾਂ ਅਤੇ ਖੇਤੀਬਾੜੀ ਮਸ਼ੀਨਾਂ, ਉਤਪਾਦਕਤਾ ਨੂੰ ਵਧਾਉਣਗੀਆਂ, ਜਿਸ ਨਾਲ ਭਾਰਤੀ ਖੇਤੀਬਾੜੀ ਮਜ਼ਬੂਤ ਅਤੇ ਆਤਮ -ਨਿਰਭਰ ਬਣੇਗੀ।

-----------------------------------------------------------------------

ਵਿਜੇ ਦਸ਼ਮੀ ਯਾਨੀ ਦੁਸਹਿਰਾ, ਅੱਜ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਹ ਦਿਨ ਨਰਾਤਿਆਂ ਦੀਆਂ ਰਸਮਾਂ ਅਤੇ ਦੁਰਗਾ ਪੂਜਾ ਦੀ ਸਮਾਪਤੀ ਅਤੇ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ, ਸੀ.ਪੀ ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਿਜੇਦਸ਼ਮੀ 'ਤੇ ਰਾਸ਼ਟਰ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ।

-----------------------------------------------------------------------

ਪੰਜਾਬ ਵਿਚ ਵੀ ਦੁਸਹਿਰਾ ਧਾਰਮਿਕ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਜਾ ਰਿਹਾ ਏ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਸਹਿਰੇ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਮੁਖ ਮੰਤਰੀ ਨੇ ਕਿਹਾ ਕਿ ਦੁਸਹਿਰਾ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਏ।

ਪੰਜਾਬ ਪੁਲਿਸ ਨੇ ਇਸ ਤਿਉਹਾਰ ਨੂੰ ਮਨਾਉਣ ਅਤੇ ਨਸ਼ਿਆਂ ਦੇ ਖਤਰੇ ਵਿਰੁੱਧ ਜਨਤਾ ਨੂੰ ਜਾਗਰੂਕ ਕਰਨ ਲਈ ਇੱਕ ਵੱਖਰਾ ਤਰੀਕਾ ਅਪਣਾਇਆ ਏ । ਜਲੰਧਰ ਵਿੱਚ, ਪੁਲਿਸ ਕਮਿਸ਼ਨਰੇਟ ਨੇ ਸ਼ਹਿਰ ਦੇ ਕੁਝ ਥਾਵਾਂ 'ਤੇ ਰਾਵਣ, ਮੇਘਨਾਥ ਅਤੇ ਕੁੰਭਕਰਨ ਦੇ ਰੰਗ- ਬਿਰੰਗੇ ਪੁਤਲਿਆਂ ਦੇ ਵਿਚਕਾਰ ਚੌਥੇ ਰਾਕਸ਼ਸ ਜੋ ਕਿ ਨਸ਼ਿਆਂ ਦਾ ਪੁਤਲਾ ਲਾਇਆ ਏ l ਇਸਨੂੰ 'ਨਸ਼ਿਆਂ ਦਾ ਰਾਕਸ਼ਸ' ਵਜੋਂ ਨਾਮ ਦਿੱਤਾ ਗਿਆ ਏ l ਨਸ਼ਿਆਂ ਵਿਰੁੱਧ ਸੰਦੇਸ਼ ਫੈਲਾਉਣ ਲਈ ਇਸਨੂੰ ਵੀ ਸਾੜਿਆ ਜਾ ਰਿਹਾ ਏ ।

------------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਪਾਕਿਸਤਾਨ ਨਾਲ ਜੁੜੇ ਸਰਹੱਦ ਪਾਰ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ, ਪੰਜ ਵਿਅਕਤੀਆਂ ਨੂੰ 12 ਪਿਸਤੌਲਾਂ ਅਤੇ ਡੇਢ ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁੱਖੀ ਗੌਰਵ ਯਾਦਵ ਨੇ ਦਸਿਆ ਕਿ ਗਿਰਫ਼ਤਾਰ ਕੀਤੇ ਗਏ 5 ਵਿਅਕਤੀਆਂ ਵਿਚੋਂ ਇਕ ਨਾਬਾਲਿਗ ਏ l ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਦੋ ਮੁਲਜ਼ਮ, ਜੋਬਨ ਸਿੰਘ ਅਤੇ ਜਸ਼ਨਪ੍ਰੀਤ ਸਿੰਘ, ਪਾਕਿਸਤਾਨ ਸਥਿਤ

ਤਸਕਰਾਂ ਨਾਲ ਸਿੱਧੇ ਸੰਪਰਕ ਵਿੱਚ ਸਨ। ਉਹ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਪ੍ਰਾਪਤ ਕਰਨ ਅਤੇ ਪਹੁੰਚਾਉਣ ਲਈ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਸੰਚਾਰ ਕਰਦੇ ਸਨ। ਪੰਜਾਬ ਪੁਲਿਸ ਨੇ ਕਿਹਾ ਏ ਕਿ ਭੇਜੀਆਂ ਗਈਆਂ ਖੇਪਾਂ ਪੰਜਾਬ ਵਿੱਚ ਅੰਤਰ-ਗੈਂਗ ਦੁਸ਼ਮਣੀਆਂ ਨੂੰ ਉਕਸਾਉਣ ਲਈ ਸਨ। ਪੂਰੇ ਗੱਠਜੋੜ ਦਾ ਪਰਦਾਫਾਸ਼ ਕਰਨ ਲਈ ਅਗਲੇਰੀ ਜਾਂਚ ਜਾਰੀ ਏ ।

-------------------------------------------------------------------------------

ਪੰਜਾਬ ਦੇ ਵਿੱਤ ਮੰਤਰੀ, ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬੇ ਨੇ ਮੌਜੂਦਾ ਵਿੱਤੀ ਸਾਲ ਦੇ ਪਹਿਲੀ ਅੱਧ (ਅਪ੍ਰੈਲ-ਸਤੰਬਰ 2025) ਦੌਰਾਨ 13 ਹਜ਼ਾਰ 971 ਕਰੋੜ ਰੁਪਏ ਦੀਆਂ ਕੁੱਲ ਜੀਐਸਟੀ ਪ੍ਰਾਪਤੀਆਂ ਦਰਜ ਕੀਤੀਆਂ, ਜੋ ਕਿ ਪਿਛਲੇ ਸਾਲ ਦੀ ਇਸੇ ਮਿਆਦ ਪ੍ਰਾਪਤ ਕੀਤੇ ਗਏ 11,418 ਕਰੋੜ ਰੁਪਏ ਦੇ ਮੁਕਾਬਲੇ 22.35 ਫੀਸਦੀ ਦੀ ਮਹੱਤਵਪੂਰਨ ਵਿਕਾਸ ਦਰ ਨੂੰ ਦਰਸਾਉਂਦਾ ਏ । ਇਕ ਪ੍ਰੈਸ ਬਿਆਨ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੌਜੂਦਾ ਵਿੱਤੀ ਸਾਲ ਦੇ ਪਹਿਲੇ ਛੇ ਮਹੀਨਿਆਂ ਵਿੱਚ ਸੂਬੇ ਨੇ ਪਿਛਲੇ ਸਾਲ ਦੇ ਇਸੇ ਸਮੇਂ ਦੇ ਮੁਕਾਬਲੇ ਜੀਐਸਟੀ ਮਾਲੀਏ ਵਿੱਚ ਕੁੱਲ 2,553 ਕਰੋੜ ਰੁਪਏ ਦਾ ਵਾਧਾ ਦਰਜ ਕੀਤਾ ਏ ।

-------------------------------------------------------------------------------

ਵਿਜੇ ਦਸ਼ਮੀ ਯਾਨੀ ਦੁਸਹਿਰਾ, ਅੱਜ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਹ ਦਿਨ ਨਰਾਤਿਆਂ ਦੀਆਂ ਰਸਮਾਂ ਅਤੇ ਦੁਰਗਾ ਪੂਜਾ ਦੀ ਸਮਾਪਤੀ ਅਤੇ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ, ਸੀ.ਪੀ ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਿਜੇਦਸ਼ਮੀ 'ਤੇ ਰਾਸ਼ਟਰ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ।

------------------------------------------------------------------------

ਪੰਜਾਬ ਵਿਚ ਵੀ ਦੁਸਹਿਰਾ ਧਾਰਮਿਕ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਜਾ ਰਿਹਾ ਏ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਸਹਿਰੇ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਮੁਖ ਮੰਤਰੀ ਨੇ ਕਿਹਾ ਕਿ ਦੁਸਹਿਰਾ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਏ। ਪੰਜਾਬ ਪੁਲਿਸ ਨੇ ਇਸ ਤਿਉਹਾਰ ਨੂੰ ਮਨਾਉਣ ਅਤੇ ਨਸ਼ਿਆਂ ਦੇ ਖਤਰੇ ਵਿਰੁੱਧ ਜਨਤਾ ਨੂੰ ਜਾਗਰੂਕ ਕਰਨ ਲਈ ਇੱਕ ਵੱਖਰਾ ਤਰੀਕਾ ਅਪਣਾਇਆ ਏ । ਜਲੰਧਰ ਵਿੱਚ, ਪੁਲਿਸ ਕਮਿਸ਼ਨਰੇਟ ਨੇ ਸ਼ਹਿਰ ਦੇ ਕੁਝ ਥਾਵਾਂ 'ਤੇ ਰਾਵਣ, ਮੇਘਨਾਥ ਅਤੇ ਕੁੰਭਕਰਨ ਦੇ ਰੰਗ- ਬਿਰੰਗੇ ਪੁਤਲਿਆਂ ਦੇ ਵਿਚਕਾਰ ਚੌਥੇ ਰਾਕਸ਼ਸ ਜੋ ਕਿ ਨਸ਼ਿਆਂ ਦਾ ਪੁਤਲਾ ਲਾਇਆ ਏ । ਇਸਨੂੰ 'ਨਸ਼ਿਆਂ ਦਾ ਰਾਕਸ਼ਸ' ਵਜੋਂ ਨਾਮ ਦਿੱਤਾ ਗਿਆ ਏ

। ਨਸ਼ਿਆਂ ਵਿਰੁੱਧ ਸੰਦੇਸ਼ ਫੈਲਾਉਣ ਲਈ ਇਸਨੂੰ ਵੀ ਸਾੜਿਆ ਜਾ ਰਿਹਾ ਏ ।

---

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਚੇਤਾਵਨੀ ਦਿੱਤੀ ਏ ਕਿ ਸਰ ਕਰੀਕ ਖੇਤਰ ਵਿੱਚ ਪਾਕਿਸਤਾਨ ਵੱਲੋਂ ਕੀਤੀ ਗਈ ਕਿਸੇ ਵੀ ਗਲਤੀ ਦਾ ਇੱਕ ਅਜਿਹਾ ਫੈਸਲਾਕੁੰਨ ਜਵਾਬ ਦਿੱਤਾ ਜਾਵੇਗਾ, ਜਿਸ ਨਾਲ ਇਤਿਹਾਸ ਅਤੇ ਭੂਗੋਲ ਦੋਵੇਂ ਬਦਲ ਜਾਣਗੇ I

- ਦੇਸ਼ ਅੱਜ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਅਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਨੂੰ ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ -ਕੇਂਦਰ ਸਰਕਾਰ ਵੱਲੋਂ ਸਿੱਖ ਜਥੇ ਨੂੰ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਦੀ ਮਨਜ਼ੂਰੀ ਸ਼ਲਾਘਾਯੋਗ ਏ I
- ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਤਿਓਹਾਰ, ਅੱਜ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਅਤੇ

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵਲੋਂ ਸਰਹੱਦ ਪਾਰੋਂ ਹਥਿਆਰ ਅਤੇ ਨਸ਼ਾ ਤਸਕਰੀ ਵਿੱਚ ਸ਼ਾਮਲ ਇੱਕ ਨਾਬਾਲਗ ਸਮੇਤ ਪੰਜ ਵਿਅਕਤੀ, 12 ਪਿਸਤੌਲਾਂ ਤੇ ਡੇਢ ਕਿਲੋ ਹੈਰੋਇਨ ਸਮੇਤ ਗ੍ਰਿਫਤਾਰ I

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅ ਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ!